ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ

ਕੰਪਃਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜ਼ਃ8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰਃ **ਟਰਾਂਸਫਰਸੈੱਲ**/2024666102/8 ਮਿਤੀਃਐਸ.ਏ.ਐਸ ਨਗਰਃ 30-08-2025

1.0 ਸਾਲ 2025 ਦੌਰਾਨ ਵਿਭਾਗ ਵੱਲੋਂ ਜਨਤਕ ਸੂਚਨਾ ਮਿਤੀ 14.08.2025 ਜਾਰੀ ਕਰਦੇ ਹੋਏ ਪ੍ਰਾਇਮਰੀ ਕਾਡਰ ਦੇ ਜਿਨ੍ਹਾਂ ਅਧਿਆਪਕਾਂ ਵੱਲੋਂ ਬਦਲੀ ਲਈ ਅਪਲਾਈ ਕੀਤਾ ਗਿਆ ਸੀ, ਨੂੰ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਸਟੇਸ਼ਨ ਚੁਆਇਸ ਦਾ ਮੌਕਾ ਦਿੱਤਾ ਗਿਆ ਸੀ। ਵਿਭਾਗ ਵੱਲੋਂ ਮਿਤੀ 22-08-2025 ਨੂੰ Within District ਬਦਲੀਆਂ ਦੇ ਹੁਕਮ ਜਾਰੀ ਕੀਤੇ ਜਾ ਚੁੱਕੇ ਹਨ।

2.0 ਵਿਭਾਗ ਵੱਲੋਂ ਬਦਲੀਆਂ ਦੇ ਦੂਜੇ ਗੇੜ ਦੌਰਾਨ ਜਿਲ੍ਹੇ ਤੋਂ ਬਾਹਰ (Inter District) ਬਦਲੀਆਂ ਕੀਤੀਆਂ ਜਾਣੀਆਂ ਹਨ। ਸਾਲ 2025 ਦੌਰਾਨ ਪ੍ਰਾਇਮਰੀ ਕਾਡਰ ਦੇ ਜਿਨ੍ਹਾਂ ਅਧਿਆਪਕਾਂ/ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈਪੰਜਾਬ ਪੋਰਟਲ ਤੇ ਲਾਗ ਇੰਨ ਕਰਕੇ ਬਦਲੀ ਲਈ Station Choice ਮਿਤੀ 30-08-2025 ਤੋਂ 01-09-2025 ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਭਧ ਖਾਲੀ ਅਸਾਮੀਆਂ ਦੀ ਸੂਚੀ ਈਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਨ੍ਹਾਂ ਉਪਲਭਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

3.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨ੍ਹਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ। ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

4.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschoolportal ਤੇ ਉਪਲਭਧ ਹੈ।

**ਸਹਾਇਕ ਡਾਇਰੈਕਟਰ (ਅਮਲਾ-1)**